# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-10-2024**

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਮੋਹਾਲੀ ਸਥਿਤ ਇੰਡੀਅਨ ਸਕੂਲ ਆਫ ਬਿਜ਼ਨੈਸ ਵਿਖੇ ਲੀਡਰਸ਼ਿਪ ਸਮਿੱਟ ਦਾ ਉਦਘਾਟਨ ਕੀਤਾ -ਉਨ੍ਹਾਂ ਸਾਰਿਆਂ ਨੂੰ ਪੂਰੀ ਤਨਦੇਹੀ ਨਾਲ ਦੇਸ਼ ਦੀ ਸੇਵਾ ਕਰਨ ਦੀ ਕੀਤੀ ਅਪੀਲ ।
- ਸਰਵਉੱਚ ਅਦਾਲਤ ਨੇ ਕਿਹਾ ਏ ਕਿ ਬਾਲ ਵਿਆਹ ਨੂੰ ਰੋਕਣ ਬਾਰੇ ਕਾਨੂੰਨ ਨੂੰ, ਨਿੱਜੀ ਕਾਨੂੰਨਾਂ ਦੁਆਰਾ ਨਹੀਂ ਰੋਕਿਆ ਜਾ ਸਕਦਾ।
- ਭਾਰਤੀ ਚੋਣ ਕਮਿਸ਼ਨ ਵਲੋਂ ਡੇਰਾ ਬਾਬਾ ਨਾਨਕ, ਚੱਬੇਵਾਲ-SC, ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭਾ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਕਰਵਾਉਣ ਲਈ ਚੋਣ ਪ੍ਰੋਗਰਾਮ ਜਾਰੀ
- 41ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਜਲੰਧਰ ਵਿਖੇ ਕਲ ਤੋਂ ਸ਼ੁਰੂ।

-----------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਮੋਹਾਲੀ ਸਥਿਤ ਇੰਡੀਅਨ ਸਕੂਲ ਆਫ ਬਿਜ਼ਨੈਸ ਵਿਖੇ ਲੀਡਰਸ਼ਿਪ ਸਮਿੱਟ ਦਾ ਉਦਘਾਟਨ ਕੀਤਾ। ਹਿੰਦੁਸਥਾਨ ਸਮਾਚਾਰ ਏਜੇਂਸੀ ਤੋਂ ਮਿਲੀ ਜਾਣਕਾਰੀ ਮੁਤਾਬਿਕ ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਅਤੇ ਸੰਸਥਾ ਦੇ ਸਲਾਹਕਾਰ ਬੋਰਡ ਦੇ ਚੇਅਰਮੈਨ ਰਾਕੇਸ਼ ਭਾਰਤੀ ਮਿੱਤਲ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਮੇਤ ਸਿਖਿਆ ਖੇਤਰ ਨਾਲ ਜੁੜੀਆਂ ਹਸਤੀਆਂ ਵੀ ਮੌਜੂਦ ਰਹੀਆਂ । ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਸਾਰਿਆਂ ਨੂੰ ਪੂਰੀ ਤਨਦੇਹੀ ਨਾਲ ਆਪਣੇ ਦੇਸ਼ ਦੀ ਸੇਵਾ ਕਰਨ ਦੀ ਅਪੀਲ ਕੀਤੀ । ਉਨ੍ਹਾਂ ਕਿਹਾ ਕਿ ਇਹ ਵਿਕਲਪਿਕ ਨਹੀਂ ਏ ਪਰ ਦੇਸ਼ ਦੀ ਤਰੱਕੀ ਦਾ ਇੱਕੋ ਇੱਕ ਰਸਤਾ ਏ ।ਉਪ ਰਾਸ਼ਟਰਪਤੀ ਦੇ ਦੌਰੇ ਨੂੰ ਵੇਖਦਿਆਂ ਪੁਲਿਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ।

-----------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਭਾਰਤ ਦੇ ਨੈਤਿਕ ਤਾਣੇ-ਬਾਣੇ ਵਿੱਚ ਮਨੁੱਖੀ ਅਧਿਕਾਰ ਹਮੇਸ਼ਾ ਰਹੇ ਨੇ। ਅੱਜ ਨਵੀਂ ਦਿੱਲੀ ਵਿੱਚ, ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਥਾਪਨਾ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਸ੍ਰੀ ਧਨਖੜ ਨੇ ਕਿਹਾ ਕਿ ਭਾਰਤੀ ਸੰਵਿਧਾਨ, ਮਨੁੱਖੀ ਅਧਿਕਾਰਾਂ ਲਈ ਉੱਤਰੀ ਤਾਰਾ ਏ। ਉਨ੍ਹਾਂ ਕਿਹਾ ਕਿ ਸੰਵਿਧਾਨ ਦੀ ਪ੍ਰਸਤਾਵਨਾ, ਸਾਰੇ ਨਾਗਰਿਕਾਂ ਲਈ ਨਿਆਂ, ਆਜ਼ਾਦੀ, ਬਰਾਬਰੀ ਦੀ ਮੰਗ ਕਰਨਾ, ਮਨੁੱਖੀ ਅਧਿਕਾਰਾਂ ਦਾ ਸਾਰ ਏ। ਉਪ ਰਾਸ਼ਟਰਪਤੀ ਨੇ ਕਿਹਾ, ਕਿਸੇ ਵੀ ਰੂਪ ਵਿੱਚ ਵਿਤਕਰਾ, ਮਨੁੱਖੀ ਅਧਿਕਾਰਾਂ ਦੇ ਮੁੱਖ ਪਹਿਲੂਆਂ ਲਈ ਚੁਣੌਤੀਪੂਰਨ ਏ। ਉਨ੍ਹਾਂ ਕਿਹਾ, ਜਨਤਕ ਹੁੰਗਾਰੇ ਨਾਲ ਮਨੁੱਖੀ ਅਧਿਕਾਰਾਂ ਦੀ ਸਭ ਤੋਂ ਵਧੀਆ ਸੁਰੱਖਿਆ ਅਤੇ ਪਾਲਣ-ਪੋਸ਼ਣ ਕੀਤਾ ਜਾਂਦਾ ਏ।ਸ੍ਰੀ ਧਨਖੜ ਨੇ ਕਿਹਾ ਕਿ ਆਮ ਜਨਤਾ ਤੋਂ ਵੱਡਾ ਮਨੁੱਖੀ ਅਧਿਕਾਰਾਂ ਦਾ ਰਾਖਾ ਹੋਰ ਕੋਈ ਨਹੀਂ ਹੋ ਸਕਦਾ।ਉਨ੍ਹਾਂ ਕਿਹਾ, ਜਦੋਂ ਉਲੰਘਣਾ ਹੁੰਦੀ ਏ ਤਾਂ ਲੋਕਾਂ ਨੂੰ ਮਜ਼ਬੂਤੀ ਨਾਲ ਖੜ੍ਹੇ ਹੋਣ ਦੀ ਲੋੜ ਹੁੰਦੀ ਏ। ਉਪ ਰਾਸ਼ਟਰਪਤੀ ਨੇ ਕਿਹਾ, ਦੂਜਿਆਂ ਦੇ ਮਨੁੱਖੀ ਅਧਿਕਾਰਾਂ ਦਾ ਸਨਮਾਨ ਕਰਨਾ ਆਪਣੇ ਮਨੁੱਖੀ ਅਧਿਕਾਰਾਂ ਦਾ ਸਨਮਾਨ ਕਰਨਾ ਏ। ਉਨ੍ਹਾਂ ਕਿਹਾ ਕਿ ਦੂਜਿਆਂ ਦੇ ਮਨੁੱਖੀ ਅਧਿਕਾਰਾਂ ਦਾ ਸਤਿਕਾਰ ਕਰਨਾ ਰੱਬੀ ਫਰਜ਼ ਏ।

-------------------------------------------------------

ਸਰਵਉੱਚ ਅਦਾਲਤ ਨੇ ਕਿਹਾ ਏ ਕਿ ਬਾਲ ਵਿਆਹ ਨੂੰ ਰੋਕਣ ਬਾਰੇ ਕਾਨੂੰਨ ਨੂੰ, ਨਿੱਜੀ ਕਾਨੂੰਨਾਂ ਦੁਆਰਾ ਨਹੀਂ ਰੋਕਿਆ ਜਾ ਸਕਦਾ । ਅਦਾਲਤ ਨੇ ਕਿਹਾ ਏ ਕਿ ਬਾਲ ਵਿਆਹ ਆਪਣੇ ਜੀਵਨ ਸਾਥੀ ਨੂੰ ਚੁਣਨ ਦੀ ਇੱਛਾ ਦੀ ਉਲੰਘਣਾ ਕਰਦਾ ਏ ।ਚੀਫ਼ ਜਸਟਿਸ ਡੀ.ਵਾਈ. ਚੰਦਰਚੂੜ ਅਤੇ ਜਸਟਿਸ ਜੇਬੀ ਪਾਰਦੀਵਾਲਾ ਤੇ ਮਨੋਜ ਮਿਸ਼ਰਾ ਦੀ ਬੈਂਚ ਨੇ ਦੇਸ਼ ਵਿੱਚ ਬਾਲ ਵਿਆਹ ਦੀ ਰੋਕਥਾਮ ਬਾਰੇ ਕਾਨੂੰਨ ਨੂੰ, ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ। ਫੈਸਲਾ ਸੁਣਾਉਂਦੇ ਸਮੇਂ ਚੀਫ ਜਸਟਿਸ ਚੰਦਰਚੂੜ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬਾਲ ਵਿਆਹ ਨੂੰ ਰੋਕਣ ਦੇ ਉਦੇਸ਼ ਨਾਲ, ਰਾਸ਼ਟਰੀ ਕਾਨੂੰਨ ਨੂੰ ਲਾਗੂ ਕਰਨ ਵਿੱਚ ਨਿੱਜੀ ਕਾਨੂੰਨਾਂ ਨੂੰ ਰੁਕਾਵਟ ਨਹੀਂ ਬਣਨੀ ਚਾਹੀਦੀ। ਅਧਿਕਾਰੀਆਂ ਨੂੰ ਆਖਰੀ ਉਪਾਅ ਵਜੋਂ ਅਪਰਾਧੀਆਂ ਨੂੰ ਸਜ਼ਾ ਦਿੰਦੇ ਹੋਏ, ਬਾਲ ਵਿਆਹ ਦੀ ਰੋਕਥਾਮ ਅਤੇ ਨਾਬਾਲਗਾਂ ਦੀ ਸੁਰੱਖਿਆ 'ਤੇ ਧਿਆਨ ਦੇਣਾ ਚਾਹੀਦਾ ਏ ।ਬੈਂਚ ਨੇ ਇਹ ਵੀ ਕਿਹਾ ਕਿ ਬਾਲ ਵਿਆਹ ਰੋਕੂ ਕਾਨੂੰਨ ਵਿੱਚ ਕੁਝ ਖਾਮੀਆਂ ਨੇ। ਬਾਲ ਵਿਆਹ ਰੋਕੂ ਕਾਨੂੰਨ, 2006 ਬਾਲ ਵਿਆਹਾਂ ਨੂੰ ਰੋਕਣ ਅਤੇ ਸਮਾਜ ਵਿੱਚੋਂ ਇਨ੍ਹਾਂ ਨੂੰ ਖਤਮ ਕਰਨ ਲਈ ਲਾਗੂ ਕੀਤਾ ਗਿਆ

ਸੀ। ਇਸ ਕਾਨੂੰਨ ਨੇ 1929 ਦੇ ਬਾਲ ਵਿਆਹ ਰੋਕੂ ਕਾਨੂੰਨ ਦੀ ਥਾਂ ਲਈ ਸੀ।

----------------------------------------------------------

ਭਾਰਤ ਸਰਕਾਰ ਦੇ 'ਸੂਖਮ, ਲਘੂ ਅਤੇ ਮੱਧਮ ਉਦਯੋਗ ਮੰਤਰਾਲੇ' ਦੀ ਪਹਿਲ 'ਤੇ ਕੇਂਦਰੀ ਖੇਤਰ ਦੀ ਯੋਜਨਾ 'ਰਾਸ਼ਟਰੀ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਹੱਬ' ਸੰਮੇਲਨ ਮੋਗਾ ਜ਼ਿਲੇ ਦੇ ਪਿੰਡ ਘੱਲਕਲਾਂ ਦੇ ਨਿੱਜੀ ਕਾਲਜ ਵਿਚ ਕਰਵਾਇਆ ਗਿਆ।ਇਸ ਮੌਕੇ ਮੰਤਰਾਲੇ ਦੇ ਸੰਯੁਕਤ ਸਕੱਤਰ ਮਰਸੀ ਈਪਾਓ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਓਹਨਾਂ ਕਿਹਾ ਕਿ ਅਨੁਸੂਚਿਤ ਜਾਤੀ ਭਾਈਚਾਰੇ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨ ਲਈ ਇਹ ਮੈਗਾ ਸੰਮੇਲਨ ਕਰਵਾਇਆ ਗਿਆ ਏ । ਉਹਨਾਂ ਆਖਿਆ ਕਿ ਮੋਗਾ ਆਸਵੰਦ ਜ਼ਿਲ੍ਹਾ ਹੋਣ ਕਰਕੇ ਸਰਕਾਰ ਇਸ ਜ਼ਿਲ੍ਹੇ ਵੱਲ ਉਚੇਚਾ ਧਿਆਨ ਦੇ ਰਹੀ ਏ। BYTE: ਇਸ ਸੰਮੇਲਨ ਬਾਰੇ ਵੇਰਵੇ ਸਾਂਝੇ ਕਰਦਿਆਂ ਡਿਪਟੀ ਡਾਇਰਕਟਰ ਇਸ਼ਿਤਾ ਥਮਨ ਨੇ ਦਸਿਆ। BYTE: ਇਸ ਮੌਕੇ ਸਫ਼ਲ ਉੱਦਮੀਆਂ, ਜਨਤਕ ਅਦਾਰਿਆਂ ਅਤੇ ਬੈਂਕਾਂ ਨੇ ਪ੍ਰਦਰਸ਼ਨੀਆਂ ਵੀ ਲਗਾਈਆਂ।ਸੰਮੇਲਨ ਦੌਰਾਨ ਸ਼ਫਲ ਉਦਮੀਆਂ ਦੇ ਨਿੱਜੀ

ਤਜ਼ਰਬਿਆਂ, ਵਪਾਰਕ ਪੋਰਟਲਾਂ ਦੀ ਵਰਤੋਂ ਅਤੇ ਸਰਕਾਰੀ ਯੋਜਨਾਵਾਂ ਦੀ ਪੇਸ਼ਕਾਰੀ ਵਾਲੀਆਂ ਵੀਡੀਓ ਵੀ ਪ੍ਰਦਰਸ਼ਿਤ ਕੀਤੀਆਂ ਗਈਆਂ।

-------------------------------------------------------------

ਭਾਰਤੀ ਚੋਣ ਕਮਿਸ਼ਨ ਨੇ ਡੇਰਾ ਬਾਬਾ ਨਾਨਕ, ਚੱਬੇਵਾਲ-SC, ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭਾ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਕਰਵਾਉਣ ਲਈ ਚੋਣ ਪ੍ਰੋਗ੍ਰਾਮ ਜਾਰੀ ਕਰ ਦਿੱਤਾ ਏ।ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਕਿਹਾ ਏ ਕਿ ਕਿਹਾ ਕਿ ਜ਼ਿਮਨੀ ਚੋਣਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 25 ਅਕਤੂਬਰ ਏ। ਕਾਗਜ਼ਾਂ ਦੀ ਪੜਤਾਲ 28 ਅਕਤੂਬਰ ਨੂੰ ਹੋਵੇਗੀ। ਉਮੀਦਵਾਰ 30 ਅਕਤੂਬਰ ਤੱਕ ਨਾਮਜ਼ਦਗੀਆਂ ਵਾਪਸ ਲੈ ਸਕਦੇ ਨੇ। ਵੋਟਾਂ 13 ਨਵੰਬਰ ਨੂੰ ਪੈਣਗੀਆਂ, ਜਦਕਿ ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਕੀਤੀ ਜਾਏਗੀ। ਉਨ੍ਹਾਂ ਕਿਹਾਕਿ 15 ਅਕਤੂਬਰ ਨੂੰ ਜ਼ਿਮਨੀ ਚੋਣਾਂ ਦੇ ਐਲਾਨ ਨਾਲ ਸਬੰਧਤ ਜ਼ਿਲ੍ਹਿਆਂ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ ਜੋ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ 25 ਨਵੰਬਰ ਤੱਕ ਲਾਗੂ ਰਹੇਗ।

-------------------------------------------------------------

ਭਾਰਤੀ ਚੋਣ ਕਮਿਸ਼ਨ ਨੇ 2024 ਦੌਰਾਨ ਵੋਟਰ ਸਿੱਖਿਆ ਅਤੇ ਚੋਣ

ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਮੀਡੀਆ ਹਾਊਸਾਂ ਦੇ ਸ਼ਾਨਦਾਰ ਉਪਰਾਲਿਆਂ ਨੂੰ ਮਾਨਤਾ ਦੇਣ ਦੇ ਮੱਦੇਨਜ਼ਰ ਵਿਸ਼ੇਸ਼ ਮੀਡੀਆ ਪੁਰਸਕਾਰਾਂ ਦਾ ਐਲਾਨ ਕੀਤਾ ਏ ।ਇਹ ਪੁਰਸਕਾਰ ਵੋਟਿੰਗ ਪ੍ਰਕਿਰਿਆ, ਚੋਣਾਂ ਸਬੰਧੀ "ਆਈ.ਟੀ. ਐਪਲੀਕੇਸ਼ਨਾਂ ਅਤੇ ਹੋਰ ਮੁੱਖ ਚੋਣ ਵਿਸ਼ਿਆਂ ਬਾਰੇ ਜਾਗਰੂਕਤਾ ਪੈਦਾ ਕਰਕੇ ਵੋਟਰਾਂ ਦੀ ਭਾਗੀਦਾਰੀ ਵਧਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲਿਆਂ ਨੂੰ ਸਨਮਾਨ ਵਜੋਂ ਦਿੱਤੇ ਜਾਣਗੇ ।ਪੁਰਸਕਾਰ ਵਿਚ ਇੱਕ ਪ੍ਰਸ਼ੰਸਾ ਪੱਤਰ ਅਤੇ ਮੋਮੈਂਟੋ ਸ਼ਾਮਿਲ ਏ ਜੋ ਕਿ ਰਾਸ਼ਟਰੀ ਵੋਟਰ ਦਿਵਸ ਅਗਲੇ ਸਾਲ 25 ਜਨਵਰੀ ਨੂੰ ਦਿੱਤੇ ਜਾਣਗੇ।ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਹ ਪੁਰਸਕਾਰ ਚਾਰ ਸ਼੍ਰੇਣੀਆਂ, ਪ੍ਰਿੰਟ ਮੀਡੀਆ, ਟੈਲੀਵਿਜ਼ਨ, ਰੇਡੀਓ ਅਤੇ ਔਨਲਾਈਨ, ਸੋਸ਼ਲ ਮੀਡੀਆ ਨੂੰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪੁਰਸਕਾਰਾਂ ਦਾ ਮੁਲਾਂਕਣ ਵੋਟਰ ਜਾਗਰੂਕਤਾ ਮੁਹਿੰਮਾਂ ਦੀ ਕੁਆਲਿਟੀ, ਪੇਸ਼ ਕੀਤੀ ਗਈ ਜਾਣਕਾਰੀ ਦੀ ਭਰੋਸੇਯੋਗਤਾ ਅਤੇ ਮੁਹਿੰਮ ਵੱਲੋਂ ਕਵਰ ਕੀਤੇ ਦਾਇਰੇ 'ਤੇ ਅਧਾਰਤ ਹੋਵੇਗਾ।

---------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ

ਕਿ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹੇ ਵਿੱਚ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜ਼ੇਸ਼ਨ ਦੀ ਪ੍ਰਕਿਰਿਆ ਮੁਕੰਮਲ ਹੋਣ ਮਗਰੋਂ ਹੁਣ ਜ਼ਿਲ੍ਹੇ ਵਿੱਚ 1951 ਦੀ ਜਗ੍ਹਾ 1926 ਪੋਲਿੰਗ ਬੂਥ ਰਹਿ ਗਏ ਨੇ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਂਦੇ 9 ਵਿਧਾਨ ਸਭਾ ਹਲਕਿਆਂ ਵਿੱਚ ਨਵੀਆਂ ਸਥਾਪਤ ਹੋਈਆਂ ਕਲੋਨੀਆਂ, ਵੋਟਰਾਂ ਦੀ ਗਿਣਤੀ ਅਤੇ ਵੋਟਰਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜ਼ੇਸ਼ਨ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ  ਵਿਧਾਨ ਸਭਾ ਹਲਕਾ ਜਲੰਧਰ ਕੈਂਟ ਵਿਖੇ 2 ਪੋਲਿੰਗ ਬੂਥ ਹੋਰ ਬਣਾਏ ਗਏ ਅਤੇ ਇਸ ਤਰ੍ਹਾਂ ਹੁਣ ਇਸ ਹਲਕੇ ਵਿੱਚ ਪੋਲਿੰਗ ਬੂਥਾਂ ਦੀ ਕੁੱਲ ਗਿਣਤੀ 212 ਹੋ ਗਈ ਏ । ਜਦਕਿ ਵਿਧਾਨ ਸਭਾ ਹਲਕਾ  ਕਰਤਾਰਪੁਰ ਵਿੱਚ ਕੁੱਲ 199  ਪੋਲਿੰਗ ਬੂਥ  ਰਹਿ ਗਏ ਹਨ ।

---------------------------------------------------

ਬਰਨਾਲਾ ਦੇ ਤਪਾ-ਤਾਜੋ ਕੈਂਚੀਆਂ ਨੇੜੇ ਓਵਰਬ੍ਰਿਜ 'ਤੇ ਇੱਕ ਕਾਰ ਦੇ ਡਿਵਾਇਡਰ ਨਾਲ ਟਕਰਾਉਣ ਕਾਰਨ ਕਾਰ 'ਚ ਸਵਾਰ ਮਾਂ-ਪੁੱਤ ਦੀ ਮੌਤ ਹੋ ਗਈ ਅਤੇ ਦੋ ਜਣੇ ਗੰਭੀਰ ਜ਼ਖਮੀ ਹੋ ਗਏ। ਮਿਲੀ ਜਾਣਕਾਰੀ ਮੁਤਾਬਿਕ ਤਪਾ ਸਿਵਲ ਹਸਪਤਾਲ ਵਿਚ ਜ਼ੇਰੇ ਇਲਾਜ ਗੰਗਾਨਗਰ ਦੇ

ਰਹਿਣ ਵਾਲੇ ਸਲਵਿੰਦਰ ਕੁਮਾਰ ਨੇ ਦੱਸਿਆ ਕਿ ਉਹ, ਆਪਣੇ ਪਰਿਵਾਰ ਨਾਲ ਗੰਗਾਨਗਰ ਤੋਂ ਚੰਡੀਗੜ੍ਹ ਜਾ ਰਹੇ ਸਨ, ਜਦੋਂ ਉਹ ਤਪਾ ਤਾਜੋ ਕੈਂਚੀਆਂ ਤੇ ਬਣੇ ਓਵਰਬ੍ਰਿਜ ਉੱਪਰ ਪੁੱਜੇ ਤਾਂ ਅਚਾਨਕ ਕਾਰ ਦਾ ਸੰਤੁਲਨ ਵਿਗੜ ਗਿਆ ਜਿਸ ਕਾਰਨ ਕਾਰ ਬੇਕਾਬੂ ਹੋ ਕੇ ਡਿਵਾਈਡਰ ਨਾਲ ਜਾ ਟਕਰਾਈ । ਇਸ ਹਾਦਸੇ 'ਚ ਉਸਦੇ ਭਰਾ ਅਤੇ ਮਾਤਾ ਦੀ ਮੌਤ ਹੋ ਗਈ । ਪੁਲਿਸ ਨੇ ਮੌਕੇ ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕੀਤੀ ।

-----------------------------------------------------------------------

ਓਧਰ ਜਲਾਲਾਬਾਦ-ਫ਼ਾਜ਼ਿਲਕਾ ਸੜਕ ’ਤੇ ਪਿੰਡ ਧਰਮੂਵਾਲਾ ਨੇੜੇ ਕਾਰ ਹਾਦਸੇ ਵਿਚ ਦੋ ਜਣਿਆ ਦੀ ਮੌਤ ਹੋ ਗਈ । ਹਿੰਦੁਸਥਾਨ ਸਮਾਚਾਰ ਏਜੇਂਸੀ ਤੋਂ ਪ੍ਰਾਪਤ ਜਾਣਕਾਰੀ ਮੁਤਾਬਿਕ ਇਹ ਹਾਦਸਾ ਤੇਜ਼ ਰਫ਼ਤਾਰ ਹੋਣ ਕਾਰਨ ਵਾਪਰਿਆ । ਇਹ ਕਾਰ ਜਲਾਲਾਬਾਦ ਤੋਂ ਫ਼ਾਜ਼ਿਲਕਾ ਵੱਲ ਜਾ ਰਹੀ ਸੀ । ਕਾਰ ਵਿਚ ਇਕ ਨੌਜਵਾਨ ਅਤੇ ਦੋ ਔਰਤਾਂ ਸਵਾਰ ਸਨ। ਹਾਦਸੇ ਵਿਚ ਨੌਜਵਾਨ ਦੀ ਮੌਕੇ ’ਤੇ ਹੀ ਮੌਤ ਹੋ ਗਈ ਅਤੇ ਔਰਤਾਂ ਗੰਭੀਰ ਜ਼ਖ਼ਮੀ ਹੋ ਗਈਆਂ । ਔਰਤਾਂ ਨੂੰ ਸਿਵਲ ਹਸਪਤਾਲ ਜਲਾਲਾਬਾਦ ਵਿਖੇ ਲੈ ਕੇ ਜਾਇਆ ਗਿਆ, ਜਿੱਥੇ ਇਕ

ਔਰਤ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਪਿੰਡ ਪੰਜਾਵਾ ਦੇ ਸੁਖਵੰਤ ਸਿੰਘ ਅਤੇ ਜਗੀਰ ਕੌਰ ਵਜੋਂ ਹੋਈ ਏ।

--------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਾਰਿਆਂ ਅਤੇ ਜੈਕਾਰਿਆਂ ਦੀ ਗੂੰਜ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਇਸ ਮੌਕੇ ਹਾਜ਼ਰ ਵੱਡੀ ਗਿਣਤੀ ਵਿਚ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸੇ ਦੌਰਾਨ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ, ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਸੇਵਾ, ਪ੍ਰੇਮ-ਭਗਤੀ ਤੇ ਸਦ ਗੁਣਾਂ ਨਾਲ ਭਰਪੂਰ ਏ।

------------------------------------------------------------

41ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਜਲੰਧਰ ਸਥਿਤ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਕਲ ਤੋਂ ਸ਼ੁਰੂ ਹੋ ਰਿਹਾ ਏ ।ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਇਸ ਟੂਰਨਾਮੈਂਟ ਦਾ ਉਦਘਾਟਨ ਕਲ ਸ਼ਾਮ ਕਰਨਗੇ। ਡਿਪਟੀ ਕਮਿਸ਼ਨਰ ਅਤੇ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਡਾ.ਹਿਮਾਂਸ਼ੂ ਅੱਗਰਵਾਲ ਨੇ ਦੱਸਿਆ ਕਿ ਇਹ ਟੂਰਨਾਮੈਂਟ ਹਰ ਸਾਲ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਸਾਬਕਾ ਓਲੰਪੀਅਨ ਮਰਹੂਮ ਸੁਰਜੀਤ ਸਿੰਘ ਰੰਧਾਵਾ ਦੀ ਯਾਦ ਵਿਚ ਸੁਰਜੀਤ ਹਾਕੀ ਸੁਸਾਇਟੀ ਵੱਲੋਂ ਕਰਵਾਇਆ ਜਾਂਦਾ ਏ ।ਟੂਰਨਾਮੈਂਟ ਦੇ ਮੁੱਖ ਕਾਰਜਕਾਰੀ ਅਧਿਕਾਰੀ ਇਕਬਾਲ ਸਿੰਘ ਸੰਧੂ ਨੇ ਦੇਸ ਕਿ ਟੂਰਨਾਮੈਂਟ ਦਾ 41ਵਾਂ ਐਡੀਸ਼ਨ ਲੀਗ-ਕਮ-ਨਾਕਆਊਟ ਦੇ ਆਧਾਰ 'ਤੇ ਖੇਡਿਆ ਜਾਵੇਗਾ । ਇਹ ਮੈਚ ਸਟੇਡੀਅਮ ਵਿੱਚ ਫਲੱਡ ਲਾਈਟਾਂ ਹੇਠ ਖੇਡੇ ਜਾਣਗੇ ਅਤੇ ਦਰਸ਼ਕਾਂ ਦਾ ਦਾਖਲਾ ਮੁਫ਼ਤ ਹੋਵੇਗਾ। ਟੂਰਨਾਮੈਂਟ ਦੇ ਸੈਮੀਫਾਈਨਲ 25 ਅਤੇ ਫਾਈਨਲ ਮੈਚ 26 ਅਕਤੂਬਰ ਨੂੰ ਹੋਣਗੇ।ਆਕਾਸ਼ਵਾਣੀ ਜਲੰਧਰ ਫਾਈਨਲ ਮੈਚ ਦਾ ਸਿਧ ਪ੍ਰਸਾਰਣ ਕਰੇਗਾ ।

------------------------------------------------------------

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਮੋਹਾਲੀ ਸਥਿਤ ਇੰਡੀਅਨ ਸਕੂਲ ਆਫ ਬਿਜ਼ਨੈਸ ਵਿਖੇ ਲੀਡਰਸ਼ਿਪ ਸਮਿੱਟ ਦਾ ਉਦਘਾਟਨ ਕੀਤਾ -ਉਨ੍ਹਾਂ ਸਾਰਿਆਂ ਨੂੰ ਪੂਰੀ ਤਨਦੇਹੀ ਨਾਲ ਦੇਸ਼ ਦੀ ਸੇਵਾ ਕਰਨ ਦੀ ਕੀਤੀ ਅਪੀਲ ।
- ਸਰਵਉੱਚ ਅਦਾਲਤ ਨੇ ਕਿਹਾ ਏ ਕਿ ਬਾਲ ਵਿਆਹ ਨੂੰ ਰੋਕਣ ਬਾਰੇ ਕਾਨੂੰਨ ਨੂੰ, ਨਿੱਜੀ ਕਾਨੂੰਨਾਂ ਦੁਆਰਾ ਨਹੀਂ ਰੋਕਿਆ ਜਾ ਸਕਦਾ।
- ਭਾਰਤੀ ਚੋਣ ਕਮਿਸ਼ਨ ਵਲੋਂ ਡੇਰਾ ਬਾਬਾ ਨਾਨਕ, ਚੱਬੇਵਾਲ-SC, ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭਾ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਕਰਵਾਉਣ ਲਈ ਚੋਣ ਪ੍ਰੋਗਰਾਮ ਜਾਰੀ
- 41ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਜਲੰਧਰ ਵਿਖੇ ਕਲ ਤੋਂ ਸ਼ੁਰੂ।